**ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ**

**ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ**

**ਫੋਨ ਨੰਬਰ: 0172-2212221**

---

**ਵੱਲ**

**ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ.)**
**ਸਮੂਹ ਡਾਇਟ ਪ੍ਰਿੰਸੀਪਲ,**
**ਸਮੂਹ ਬੀ.ਪੀ.ਈ.ਓ. ਸਾਹਿਬਾਨ,**
**ਸਮੂਹ ਸਕੂਲ ਮੁੱਖੀ**
**ਪੰਜਾਬ।**

**ਮੀਮੋ ਨੰ:-** SLERT/PPPP/PRI/202131083 **ਮਿਤੀ:** 29.01.2021

**ਵਿਸ਼ਾ:- ਪ੍ਰਾਇਮਰੀ ਸਕੂਲਾਂ ਅੰਦਰ 5 ਅਤੇ 6 ਫਰਵਰੀ 2021 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਉਣ ਸਬੰਧੀ।**

**1.0** ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

**2.0** ਆਪ ਜੀ ਦੀ ਜਾਣਕਾਰੀ ਹਿੱਤ ਦੱਸਿਆ ਜਾਂਦਾ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪਹਿਲੀ ਜਮਾਤ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਪੜ੍ਹਦੇ ਵਿਦਿਆਰਥੀਆਂ ਦਾ ਜਨਵਰੀ ਮਹੀਨੇ ਵਿੱਚ ਵਿਸ਼ਾਵਾਰ ਮੁਲਾਂਕਣ ਕੀਤਾ ਗਿਆ ਸੀ। ਸਕੂਲ ਮੁਖੀਆ ਵੱਲੋਂ ਇਸ ਦਾ ਡਾਟਾ ਵਿਸ਼ਲੇਸ਼ਣ ਵੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮਿਸ਼ਨ ਸ਼ਤ ਪ੍ਰਤੀਸ਼ਤ ਤਹਿਤ ਵਿਦਿਆਰਥੀਆਂ ਨੂੰ ਉਹਨਾਂ ਦੀ ਲੋੜ ਅਨੁਸਾਰ ਅਭਿਆਸ ਮਟੀਰੀਅਲ ਵੀ ਉਪਲੱਬਧ ਕਰਵਾਇਆ ਜਾ ਰਿਹਾ ਹੈ।

**3.0** ਜਨਵਰੀ ਮਹੀਨੇ ਵਿੱਚ ਕੀਤੇ ਗਏ ਮੁਲਾਂਕਣ ਵਿੱਚ ਵਿਦਿਆਰਥੀਆਂ ਵੱਲੋਂ ਜੋ ਵਿਸ਼ਾਵਾਰ ਕਾਰਗੁਜ਼ਾਰੀ ਦਿਖਾਈ ਗਈ ਉਸਨੂੰ ਮਾਪਿਆਂ ਨਾਲ ਸਾਂਝਾ ਕਰਨ ਦੇ ਉਦੇਸ਼ ਨਾਲ ਅਤੇ ਆਉਣ ਵਾਲੇ ਦਿਨਾਂ ਵਿੱਚ ਮਿਸ਼ਨ ਸ਼ਤ ਪ੍ਰਤੀਸ਼ਤ ਤਹਿਤ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਹੋਰ ਬੇਹਤਰ ਕਰਨ ਲਈ ਮਾਪਿਆ ਦਾ ਸਹਿਯੋਗ ਲੈਣ ਪੱਖੋਂ ਮਿਤੀ 05.02.2021 ਅਤੇ 06.02.2021 ਨੂੰ ਮਾਪੇ ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ।

**4.0** ਇਸ ਮਾਪੇ ਅਧਿਆਪਕ ਮਿਲਣੀ ਸਬੰਧੀ ਇਸ ਗੱਲ ਦਾ ਜ਼ਰੂਰ ਧਿਆਨ ਰੱਖਿਆ ਜਾਵੇ ਕਿ ਇਹ ਸਾਕਾਰਾਤਮਕ ਪ੍ਰਭਾਵ ਵਾਲੀ ਹੋਵੇ ਅਤੇ ਇਸ ਮਾਪੇ ਅਧਿਆਪਕ ਮਿਲਣੀ ਨੂੰ ਪੂਰੇ ਨਿਰਧਾਰਿਤ ਏਜੰਡੇ ਅਨੁਸਾਰ ਸਾਰੇ ਸਕੂਲਾਂ ਵਿੱਚ ਕਰਵਾਇਆ ਜਾਵੇ। ਅਧਿਆਪਕਾਂ ਦੀ ਅਗਵਾਈ ਲਈ ਇਸ ਮਿਲਣੀ ਲਈ ਹੇਠ ਲਿਖੇ ਅਨੁਸਾਰ ਮੁੱਖ ਏਜੰਡੇ ਰੱਖੇ ਗਏ ਹਨ:-

**4.1** COVID -19 ਸਬੰਧੀ ਜਾਰੀ ਹੋਈਆ ਹਦਾਇਤਾਂ ਅਤੇ ਬੱਚਿਆਂ ਦੀ ਸਿਹਤ ਸੰਭਾਲ ਬਾਰੇ ਗੱਲਬਾਤ ਕਰਨਾ।

**4.2** ਮਿਸ਼ਨ ਸ਼ਤ-ਪ੍ਰਤੀਸ਼ਤ ਸਬੰਧੀ ਮਾਪਿਆਂ ਨੂੰ ਜਾਣਕਾਰੀ ਦੇਣਾ

**4.3** ਜਨਵਰੀ ਮੁਲਾਂਕਣ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਨੂੰ ਮਾਪਿਆਂ ਨਾਲ ਸਾਂਝਿਆਂ ਕਰਨਾ

**4.4** ਰੋਜ਼ਾਨਾ ਹੋਮ ਵਰਕ ਕਰਨ ਸਬੰਧੀ

**4.5** ਵਰਕਸ਼ੀਟਾਂ 'ਤੇ ਰੋਜ਼ਾਨਾ ਕੰਮ ਕਰਵਾਉਣ ਸਬੰਧੀ ਮਾਪਿਆਂ ਨੂੰ ਜਾਣੂੰ ਕਰਵਾਉਣਾ

**4.6** Punjab Educare App ਬਾਰੇ ਅਤੇ ਉਸ 'ਤੇ ਉਪਲੱਬਧ ਮਟੀਰੀਅਲ ਬਾਰੇ ਜਾਣਕਾਰੀ ਦੇਣਾ

4.7 ਸੈਸ਼ਨ 2021-22 ਲਈ ਸਕੂਲਾਂ ਵਿੱਚ ਦਾਖ਼ਲਾ ਸ਼ੁਰੂ ਹੋਣ ਸਬੰਧੀ ਮਾਪਿਆਂ ਨੂੰ ਦੱਸਣਾ ਤਾਂ ਜੋ ਆਲੇ-ਦੁਆਲੇ ਵਿੱਚ ਇਸ ਸਬੰਧੀ ਪ੍ਰਚਾਰ ਹੋ ਸਕੇ

4.8 ਬੱਚਿਆਂ ਦੀ ਬੇਹਤਰ ਕਾਰਗੁਜ਼ਾਰੀ ਲਈ ਮਾਪਿਆਂ ਤੋਂ ਸੁਝਾਅ ਲੈਣਾ

4.9 ਫਰਵਰੀ ਮਹੀਨੇ ਵਿੱਚ ਹੋਣ ਵਾਲੇ ਪ੍ਰੀ-ਬੋਰਡ ਅਤੇ ਮਾਰਚ ਦੇ ਸਲਾਨਾ ਇਮਤਿਹਾਨਾਂ ਦੀ ਡੇਟਸ਼ੀਟ ਬਾਰੇ ਗੱਲਬਾਤ ਕਰਨਾ

4.10 ਮਾਪਿਆਂ ਨੂੰ ਪ੍ਰੀ-ਪ੍ਰਾਇਮਰੀ ਕਮਰਾ ਵਿਜ਼ਿਟ ਕਰਾਉਣਾ ਆਦਿ।

5.0 COVID-19 ਸਬੰਧੀ ਜਾਰੀ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹਰੇਕ ਪ੍ਰਾਇਮਰੀ ਸਕੂਲ ਅੰਦਰ ਇਸ ਮਾਪੇ ਅਧਿਆਪਕ ਮਿਲਣੀ ਦੌਰਾਨ ਪ੍ਰੀ-ਪ੍ਰਾਇਮਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਸਮੂਹ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ, ਪੰਚਾਇਤ ਮੈਂਬਰਾਂ, ਮਿਡ-ਡੇ-ਮੀਲ ਵਰਕਰਾਂ, ਐੱਸ.ਐੱਮ.ਸੀ. ਮੈਂਬਰਾਂ ਅਤੇ ਹੋਰ ਪਤਵੰਤੇ ਲੋਕਾਂ ਤੱਕ ਪਹੁੰਚ ਕਰਨ ਦਾ ਟੀਚਾ ਰੱਖਿਆ ਗਿਆ ਹੈ।

6.0 ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਸਮੂਹ ਅਧਿਕਾਰੀ, ਸਕੂਲ ਮੁੱਖੀ, ਅਧਿਆਪਕ ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਰੋਜ਼ਾਨਾ ਅਨਾਊਂਸਮੈਂਟ ਕਰਵਾਕੇ, ਪੋਸਟਰ ਜਾਰੀ ਕਰਕੇ, ਆਡੀਓ/ਲਿਖਤੀ ਮੈਸੇਜ ਕਰਕੇ ਮਾਪਿਆਂ/ਬੱਚਿਆਂ ਅਤੇ ਹੋਰ ਕਮਿਊਨਟੀ ਮੈਂਬਰਾਂ ਨੂੰ ਅਗੇਤ ਵਿੱਚ ਜਾਣੂੰ ਕਰਵਾਉਣਗੇ।

7.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਡਾਇਟ ਪ੍ਰਿੰਸੀਪਲ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਮਿਤੀ 4 ਫਰਵਰੀ ਤੱਕ ਆਪਣੇ ਸਕੂਲ ਮੁੱਖੀ, ਸੀ.ਐੱਚ.ਟੀ. ਨਾਲ ਇਸ ਮਾਪੇ ਅਧਿਆਪਕ ਮਿਲਣੀ ਦੇ ਸਬੰਧ ਵਿੱਚ ਮੀਟਿੰਗਾਂ ਕਰਕੇ ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਪ੍ਰੇਰਿਤ ਕਰਨਗੇ।

8.0 ਇਸ ਤੋਂ ਇਲਾਵਾ ਸਮੂਹ ਅਧਿਕਾਰੀ ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਰੈਂਡਮ ਪੱਧਰ 'ਤੇ ਭਾਗ ਲੈਂਦੇ ਹੋਏ ਇਹਨਾਂ ਮਿਲਣੀਆਂ ਨੂੰ ਏਜੰਡੇ ਅਨੁਸਾਰ, ਸਾਰੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੁਆਰਾ ਕੀਤੇ ਜਾਣ ਨੂੰ ਯਕੀਨੀ ਬਣਾਉਣਗੇ।

9.0 ਸਮੂਹ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਆਪ ਵੀ ਭਾਗ ਲੈਂਦੇ ਹੋਏ, ਅਧਿਆਪਕਾਂ ਦਾ ਸਹਿਯੋਗ ਕਰਨਗੇ ਅਤੇ ਇਹਨਾਂ ਮਿਲਣੀਆਂ ਸਬੰਧੀ ਇਕੱਤਰ ਡਾਟੇ ਨੂੰ ਸਿੱਖਿਆ ਦਰਪਣ ਐੱਪ ਵਿੱਚ ਨਿਰਧਾਰਿਤ ਪ੍ਰੋਫਾਰਮੇ ਵਿੱਚ ਭਰਨ ਦਾ ਕੰਮ ਕਰਨਗੇ।

29/1/21

**ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਪੰਜਾਬ।**

**ਪਿੱਠ ਅੰਕਣ ਨੰ:** **ਮਿਤੀ:**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:**

1. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ. (ਐ.ਸਿੱ), ਪੰਜਾਬ।

**ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਪੰਜਾਬ।**